ਕੇਦਾਰਾ ਮਹਲਾ ੫ ਘਰੁ ੪ ੴ ਸਤਿਗੁਰ ਪ੍ਰਸਾਦਿ ॥ ਸਰਨੀ ਆਇਓ ਨਾਥ ਨਿਧਾਨ ॥ ਨਾਮ ਪ੍ਰੀਤਿ ਲਾਗੀ ਮਨ ਭੀਤਰਿ ਮਾਗਨ ਕਉ ਹਰਿ ਦਾਨ ॥੧॥ ਰਹਾਉ ॥ ਸੁਖਦਾਈ ਪੂਰਨ ਪਰਮੇਸੁਰ ਕਰਿ ਕਿਰਪਾ ਰਾਖਹੁ ਮਾਨ ॥ ਦੇਹੁ ਪ੍ਰੀਤਿ ਸਾਧੂ ਸੰਗਿ ਸੁਆਮੀ ਹਰਿ ਗੁਨ ਰਸਨ ਬਖਾਨ ॥ ੧॥ ਗੋਪਾਲ ਦਇਆਲ ਗੋਬਿਦ ਦਮੋਦਰ ਨਿਰਮਲ ਕਥਾ ਗਿਆਨ ॥ ਨਾਨਕ ਕਉ ਹਰਿ ਕੈ ਰੰਗਿ ਰਾਗਹੁ ਚਰਨ ਕਮਲ ਸੰਗਿ ਧਿਆਨ ॥੨॥੧॥੩॥ {ਪੰਨਾ 1119}

ਪਦਅਰਥ:- ਨਾਥ—ਹੇ ਨਾਥ! ਨਿਧਾਨ—ਹੇ (ਸਭ ਸੁਖਾਂ ਦੇ) ਖ਼ਜ਼ਾਨੇ! ਮਨ ਭੀਤਰਿ—ਮਨ ਵਿਚ। ਮਾਗਨ ਕਉ—ਮੰਗਣ ਵਾਸਤੇ।1। ਰਹਾਉ।

ਪੂਰਨ—ਹੇ ਸਭ ਗੁਣਾਂ ਨਾਲ ਭਰਪੂਰ! ਪਰਮੇਸੁਰ—ਹੇ ਪਰਮ ਈਸੁਰ! ਹੇ ਸਭ ਤੋਂ ਉੱਚੇ ਮਾਲਕ! ਮਾਨ—ਲਾਜ। ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ। ਸੁਆਮੀ—ਹੇ ਮਾਲਕ! ਰਸਨ—ਜੀਭ (ਨਾਲ)। ਬਖਾਨ—ਉਚਾਰਨੇ।1।

ਗੋਪਾਲ—ਹੇ ਗੋਪਾਲ! ਦਮੋਦਰ—ਹੇ ਦਮੋਦਰ! ਕਥਾ—ਸਿਫ਼ਤਿ-ਸਾਲਾਹ। ਗਿਆਨ—ਸੂਝ। ਰੰਗਿ—ਰੰਗ ਵਿਚ। ਰਾਗਹੁ—ਰਾਂਗਹੁ, ਰੰਗ ਦੇਹ। ਸੰਗਿ—ਨਾਲ। ਧਿਆਨੁ—ਸੁਰਤਿ।2।

ਅਰਥ:- ਹੇ ਨਾਥ! ਹੇ (ਸਭ ਸੁਖਾਂ ਦੇ) ਖ਼ਜ਼ਾਨੇ! ਮੇਰੇ ਮਨ ਵਿਚ ਤੇਰੇ ਨਾਮ ਦਾ ਪਿਆਰ ਪੈਦਾ ਹੋ ਗਿਆ ਹੈ। ਹੇ ਹਰੀ! ਤੇਰੇ ਨਾਮ ਦਾ ਦਾਨ ਮੰਗਣ ਲਈ ਮੈਂ ਤੇਰੀ ਸਰਨ ਆਇਆ ਹਾਂ।1। ਰਹਾਉ।

ਹੇ ਸੁਖ ਦਾਤੇ! ਹੇ ਸਰਬ ਗੁਣ ਭਰਪੂਰ! ਹੇ ਸਭ ਤੋਂ ਉੱਚੇ ਮਾਲਕ! ਮਿਹਰ ਕਰ, (ਮੇਰੀ ਸਰਨ ਪਏ ਦੀ) ਲਾਜ ਰੱਖ। ਹੇ ਸੁਆਮੀ! ਗੁਰੂ ਦੀ ਸੰਗਤਿ ਵਿਚ (ਰੱਖ ਕੇ ਮੈਨੂੰ ਆਪਣਾ) ਪਿਆਰ ਬਖ਼ਸ਼। ਹੇ ਹਰੀ! ਮੇਰੀ ਜੀਭ ਤੇਰੇ ਗੁਣ ਉਚਾਰਦੀ ਰਹੇ।1।

ਹੇ ਗੋਪਾਲ! ਹੇ ਦਇਆਲ! ਹੇ ਗੋਬਿੰਦ! ਹੇ ਦਮੋਦਰ! ਮੈਨੂੰ ਆਪਣੀ ਪਵਿੱਤਰ ਸਿਫ਼ਤਿ-ਸਾਲਾਹ ਦੀ ਸੂਝ (ਬਖ਼ਸ਼)। ਹੇ ਹਰੀ! ਨਾਨਕ ਨੂੰ ਆਪਣੇ (ਪਿਆਰ-) ਰੰਗ ਵਿਚ ਰੰਗ ਦੇਹ। (ਨਾਨਕ ਦੀ) ਸੁਰਤਿ ਤੇਰੇ ਸੋਹਣੇ ਚਰਨਾਂ ਵਿਚ ਟਿਕੀ ਰਹੇ।2।1।3।